# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :06-05-2026**

ਜਲੰਧਰ ਵਿੱਚ ਬੀ.ਐੱਸ.ਐੱਫ. ਫਰੰਟੀਅਰ ਹੈੱਡਕੁਆਰਟਰ ਦੇ ਬਾਹਰ ਅਤੇ ਅੰਮ੍ਰਿਤਸਰ ਦੇ ਖਾਸਾ ਵਿਚ ਫੌਜ ਦੇ ਇਕ ਕੈਂਪ ਦੇ ਬਾਹਰ ਬੀਤੀ ਰਾਤ ਕੀਤੀ ਗਏ ਦੋ ਧਮਾਕਿਆਂ ਦੇ ਸਬੰਧ ਵਿਚ ਪੰਜਾਬ ਪੁਲਿਸ, ਹੋਰਨਾਂ ਸੁਰੱਖਿਆ ਏਜੰਸੀਆਂ ਦੇ ਨਾਲ ਮਿਲ ਕੇ ਜਾਂਚ ਕਰ ਰਹੀ ਏ। ਦੋਵੇਂ ਥਾਵਾਂ ‘ਤੇ ਸਖ਼ਤ ਸੁਰੱਖਿਆ ਦੇ ਬਾਵਜੂਦ ਲਗਭਗ 3 ਘੰਟਿਆਂ ਦੇ ਵਕਫੇ ਨਾਲ ਇਹ ਧਮਾਕੇ ਕੀਤੇ ਗਏ ਸਨ। ਫੋਰੈਂਸਿਕ ਟੀਮਾਂ ਸਬੂਤ ਇਕੱਠੇ ਕਰਨ ਲਈ ਘਟਨਾ ਸਥਾਨਾਂ ‘ਤੇ ਪਹੁੰਚ ਰਹੀਆਂ ਨੇ। ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਅੰਮ੍ਰਿਤਸਰ ਦੇ ਖਾਸਾ ਵਿੱਚ ਧਮਾਕੇ ਵਾਲੀ ਥਾਂ ਦਾ ਦੌਰਾ ਕੀਤਾ ਅਤੇ ਫੌਜ ਤੇ ਹੋਰ ਸੁਰੱਖਿਆ ਅਧਿਕਾਰੀਆਂ ਨਾਲ ਮਿਲ ਕੇ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਸ਼ੁਰੂਆਤੀ ਜਾਂਚ ਮੁਤਾਬਕ ਇਹ ਆਈ.ਈ.ਡੀ. ਧਮਾਕਾ ਲੱਗਦਾ ਏ।

Byte

ਇਸ ਦਰਮਿਆਨ ਅੱਜ ਅਨੰਦਪੁਰ ਸਾਹਿਬ ਵਿੱਚ ਮੀਡੀਆ ਵੱਲੋਂ ਧਮਾਕਿਆਂ ਬਾਰੇ ਪੁੱਛੇ ਜਾਣ ‘ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਨ੍ਹਾਂ ਨੂੰ ਛੋਟੇ ਧਮਾਕੇ ਕਰਾਰ ਦਿੱਤਾ ਅਤੇ ਕਿਹਾ ਕਿ ਲੋਕਾਂ ਵਿੱਚ ਡਰ ਤੇ ਹਿੰਸਾ ਫੈਲਾ ਕੇ ਵੋਟਾਂ ਹਾਸਿਲ ਕਰਨ ਲਈ ਇੱਕ ਰਾਸ਼ਟਰੀ ਸਿਆਸੀ ਪਾਰਟੀ ਇੰਝ ਕਰ ਰਹੀ ਏ।

--------------------------------------------------------------------------------

ਬੇਅਦਬੀ ਖਿਲਾਫ ਸੋਧ ਬਿਲ 2026 ਪਾਸ ਹੋਣ ਉਪਰੰਤ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚਾਰ ਦਿਨਾਂ ਦੀ ਸ਼ੁਕਰਾਨਾ ਯਾਤਰਾ ਦੀ ਸ਼ੁਰੂਆਤ ਕੀਤੀ ਏ। ਇਸ ਮੌਕੇ ਸਭ ਤੋਂ ਪਹਿਲਾਂ ਮੁੱਖ ਮੰਤਰੀ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਚ ਮੱਥਾ ਟੇਕਿਆ ਅਤੇ ਇਸ ਤੋਂ ਬਾਅਦ ਇਹ ਯਾਤਰਾ ਗੁਰੂ ਰਵਿਦਾਸ ਚੌਂਕ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼ੁਰੂ ਕੀਤੀ ਗਈ। ਜਿਕਰਯੋਗ ਹੈ ਕਿ ਬੀਤੇ ਦਿਨੀਂ ਪੰਜਾਬ ਵਿਧਾਨ ਸਭਾ ਵੱਲੋਂ ਖਾਸ ਇਜਲਾਸ ਦੌਰਾਨ ਸੂਬੇ ਵਿਚ ਬੇਅਦਬੀ ਦੇ ਦੋਸ਼ੀਆਂ ਖ਼ਿਲਾਫ਼ ਸਖ਼ਤ ਸਜ਼ਾਵਾਂ ਦੇ ਪ੍ਰਬੰਧ ਲਈ "ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ-2026" ਪਾਸ ਹੋਣ ਉਪਰੰਤ ਮੁੱਖ ਮੰਤਰੀ ਵੱਲੋਂ ਇਹ

ਸ਼ੁਕਰਾਨਾ ਯਾਤਰਾ ਕੀਤੀ ਜਾ ਰਹੀ ਏ। ਇਸ ਦੌਰਾਨ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਹ ਯਾਤਰਾ ਰੂਪਨਗਰ ਤੋਂ ਹੁੰਦੀ ਹੋਈ ਪੰਜਾਬ ਦੇ ਮੁੱਖ ਧਾਰਮਿਕ ਅਸਥਾਨਾਂ ਤੱਕ ਪਹੁੰਚੇਗੀ। 4 ਦਿਨਾਂ ਦੀ ਯਾਤਰਾ ਦੀ ਸਮਾਪਤੀ 9 ਮਈ ਨੂੰ ਫਤਿਹਗੜ੍ਹ ਸਾਹਿਬ ਵਿਚ ਕੀਤੀ ਜਾਵੇਗੀ।

---------------------------------------------------------------------------------

ਤਰਨਤਾਰਨ ਦੇ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਕਿਰਨ ਜੋਤੀ ਨੇ ਅੱਜ ਸਬ-ਜੇਲ੍ਹ ਪੱਟੀ ਦਾ ਅਚਨਚੇਤ ਦੌਰਾ ਕੀਤਾ । ਇਸ ਮੌਕੇ ਸਬ-ਜੇਲ੍ਹ ਪੱਟੀ ਦੇ ਸੁਪਰਡੈਂਟ ਇੰਦਰਪ੍ਰੀਤ ਸਿੰਘ ਵੀ ਮੌਜੂਦ ਸਨ। ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਨੇ ਜੇਲ੍ਹ ਵਿੱਚ ਹਵਾਲਾਤੀਆਂ ਤੇ ਕੈਦੀਆਂ ਦੀਆਂ ਬੈਰਕਾਂ ਵਿੱਚ ਜਾ ਕੇ ਉਨ੍ਹਾਂ ਦੇ ਰਹਿਣ-ਸਹਿਣ ਅਤੇ ਜੇਲ੍ਹ ਦੀ ਰਸੋਈ ਵਿਚ ਸਫਾਈ ਪ੍ਰਬੰਧਾਂ ਦਾ ਵੀ ਨਿਰੀਖਣ ਕੀਤਾ। ਸੀ.ਜੇ.ਐੱਮ ਨੇ ਹਵਾਲਾਤੀਆਂ ਤੇ ਕੈਦੀਆਂ ਨੂੰ ਕਾਨੂੰਨੀ ਮਦਦ ਮੁਹੱਈਆ ਕਰਵਾਉਣ ਵਾਸਤੇ ਫਾਰਮ ਭਰੇ ਤੇ ਸਟਾਫ ਨੂੰ ਹਦਾਇਤ ਕੀਤ ਕਿ ਸਾਰੀ ਪ੍ਰਕਿਰਿਆ ਜਲਦੀ ਮੁਕੰਮਲ ਕੀਤੀ ਜਾਵੇ |

-----------------------------------------------------------------------

ਬਠਿੰਡਾ ਦੇ ਪਿੰਡ ਮਹਿਮਾ ਸਰਕਾਰੀ ਵਿਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਵੱਲੋਂ ਖਾਦਾਂ ਦੀ ਸੁਚੱਜੀ ਤੇ ਸੰਤੁਲਤ ਵਰਤੋਂ ਸਬੰਧੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਉਦੇਸ਼ ਕਿਸਾਨਾਂ ਨੂੰ ਘੱਟ ਲਾਗਤ ਨਾਲ ਵੱਧ ਉਤਪਾਦਨ ਪ੍ਰਾਪਤ ਕਰਨ ਲਈ ਵਿਗਿਆਨਕ ਤਰੀਕਿਆਂ ਬਾਰੇ ਜਾਣੂੰ ਕਰਵਾਉਣਾ ਸੀ। ਕੈਂਪ ਦੌਰਾਨ ਪਸਾਰ ਸਿੱਖਿਆ ਦੇ ਪ੍ਰੋਫੈਸਰ ਡਾ. ਗੁਰਮੀਤ ਸਿੰਘ ਢਿੱਲੋਂ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਵਿਕਸਤ ਝੋਨੇ ਦੀਆਂ ਪ੍ਰਮਾਣਤ ਪੀ.ਆਰ. ਕਿਸਮਾਂ ਤੇ ਬਾਸਮਤੀ 1509 ਬਾਰੇ ਜਾਣਕਾਰੀ ਦਿੱਤੀ। ਇਵੇਂ ਹੀ, ਰਸਾਇਣਕ ਖਾਦਾਂ ਦੀ ਸੰਤੁਲਤ ਵਰਤੋਂ ਨੂੰ ਉਤਸ਼ਾਹਤ ਕਰਨ ਲਈ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਫ਼ਿਰੋਜ਼ਪੁਰ ਦੀ ਟੀਮ ਨੇ ਕੱਲ੍ਹ  ਕਿਸਾਨ ਜਾਗਰੂਕਤਾ ਕੈਂਪ ਲਗਾਇਆ। ਇਸ ਕੈਂਪ ਦੌਰਾਨ ਬੁਲਾਰਿਆਂ ਨੇ ਕਿਸਾਨਾਂ ਨੂੰ ਮੁੱਖ ਫ਼ਸਲਾਂ, ਸਬਜ਼ੀਆਂ ਅਤੇ ਫਲਾਂ ਵਿੱਚ ਖਾਦਾਂ ਦੀ ਵਰਤੋਂ ਮਿੱਟੀ ਦੀ ਪਰਖ ਦੇ ਅਧਾਰ 'ਤੇ ਕਰਨ ਦੀ ਸਲਾਹ  ਦਿੱਤੀ। ਉਨ੍ਹਾਂ ਨੇ ਕਿਸਾਨਾਂ ਨੂੰ ਯੂਰੀਆ ਦੀ ਸੀਮਤ

ਵਰਤੋਂ ਕਰਨ ਦੀ ਸਲਾਹ ਦਿੰਦਿਆਂ ਇੱਕੋ ਵਾਰ ਵੱਧ ਮਿਕਦਾਰ ਵਿੱਚ ਖਾਦ ਪਾਉਣ ਤੋਂ ਗੁਰੇਜ਼ ਕਰਨ ਲਈ ਕਿਹਾ। ਇਸ ਦੌਰਾਨ ਬਾਸਮਤੀ ਦੀ ਫ਼ਸਲ ਵਿੱਚ ਬੀਜ ਦੀ ਸੋਧ ਅਤੇ ਬਿਮਾਰੀਆਂ ਦੀ ਰੋਕਥਾਮ ਬਾਰੇ ਵੀ ਚਰਚਾ ਕੀਤੀ ਗਈ।  ਇਸ ਮੌਕੇ ਘਰੇਲੂ ਔਰਤਾਂ ਲਈ ਲਗਾਏ ਜਾਂਦੇ ਕਿੱਤਾ-ਮੁਖੀ ਸਿਖਲਾਈ ਕੋਰਸਾਂ ਅਤੇ ਜਿਨਸਾਂ ਦੇ ਮੁੱਲ ਵਾਧੇ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ।

---------------------------------------------------------------------------

ਮੌਸਮ ਵਿਭਾਗ ਨੇ ਉੱਤਰ-ਪੱਛਮੀ ਭਾਰਤ ਵਿਚ 9 ਮਈ ਤੱਕ ਵੱਧ ਤੋਂ ਵੱਧ ਤਾਪਮਾਨ ਵਿਚ 4 ਤੋਂ 6 ਡਿਗਰੀ ਸੈਲਸੀਅਸ ਤੱਕ ਗਿਰਾਵਟ ਆਉਣ ਦੀ ਪੇਸ਼ਗੋਈ ਕੀਤੀ ਏ। ਮੌਸਮ ਵਿਭਾਗ ਨੇ ਹਰਿਆਣਾ, ਚੰਡੀਗੜ੍ਹ, ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼ ਤੇ ਦਿੱਲੀ ਵਿਚ ਅੱਜ ਗਰਮੀ ਤੇ ਹੁੰਮਸ ਜਿਹੇ ਹਾਲਾਤ ਬਣੇ ਰਹਿਣ ਦੀ ਸੰਭਾਵਨਾ ਪ੍ਰਗਟਾਈ ਏ।

---------------------------------------------------------------------------